# ਪੰਜਾਬ ਸਕੂਲ ਸਿੱਖਿਆ ਬੋਰਡ

ਵਿਦਿਆ ਭਵਨ, ਫੇਜ਼-8, ਸਾਹਿਬਜ਼ਾਦਾ ਅਜੀਤ ਸਿੰਘ ਨਗਰ-160062

(ਅਕਾਦਮਿਕ ਸ਼ਾਖਾ)

ਵਿਸ਼ਾ:- ਦਾਖਲਾ ਸਾਲ 2018-19 ਲਈ ਨੌਂਵੀਂ, ਦਸਵੀਂ, ਗਿਆਰ੍ਹਵੀਂ ਅਤੇ ਬਾਰ੍ਹਵੀਂ ਸ਼੍ਰੇਣੀਆਂ ਦਾ ਦਾਖਲਾ ਸ਼ਡਿਊਲ।

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਦਾਖਲਾ ਸਾਲ 2018-19 ਲਈ ਨੌਂਵੀਂ, ਦਸਵੀਂ, ਗਿਆਰਵੀਂ ਅਤੇ ਬਾਰ੍ਹਵੀਂ ਸ਼੍ਰੇਣੀਆਂ ਦਾ ਦਾਖਲਾ ਸਡਿਊਲ ਹੇਠ ਲਿਖੇ ਅਨੁਸਾਰ ਨਿਰਧਾਰਿਤ ਕੀਤਾ ਗਿਆ ਹੈ :-

| ਸ਼੍ਰੇਣੀ | ਦਾਖਲੇ ਦੀ ਅੰਤਿਮ ਮਿਤੀ |
|---|---|
| ਨੌਂਵੀ, ਦਸਵੀਂ, ਗਿਆਰ੍ਹਵੀਂ ਅਤੇ ਬਾਰ੍ਹਵੀਂ | 01-04-2018 ਤੋਂ 15-05-2018 |

1. ਦਾਖਲਾ ਸਾਲ ਆਰੰਭ ਕਰਨ ਦੀ ਮਿਤੀ ਆਮ ਵਾਂਗ ਪਹਿਲੀ ਅਪ੍ਰੈਲ ਹੋਵੇਗੀ।
2. ਨੌਂਵੀਂ, ਦਸਵੀਂ, ਗਿਆਰਵੀਂ ਅਤੇ ਬਾਰ੍ਹਵੀਂ ਸ਼੍ਰੇਣੀ ਦਾ ਦਾਖਲਾ ਮਿਤੀ: 01-04-2018 ਤੋਂ ਸ਼ੁਰੂ ਹੋਵੇਗਾ।
3. ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ ਪ੍ਰੀਖਿਆਵਾਂ ਵਿੱਚ ਪਾਸ/ਫੇਲ ਹੋਏ ਵਿਦਿਆਰਥੀ ਨਤੀਜਾ ਨਿਕਲਣ ਤੋਂ 15 ਦੇ ਅੰਦਰ-ਅੰਦਰ ਜਾਂ ਜੇ ਸਕੂਲ ਸਿੱਖਿਆ ਵਿਭਾਗ ਵੱਲੋਂ ਜਾਰੀ ਸ਼ਡਿਊਲ ਮੁਤਾਬਿਕ ਛੁੱਟੀਆਂ ਹੋਣ ਤਾਂ ਸਕੂਲ ਖੁੱਲ੍ਹਣ ਤੋਂ ਬਾਅਦ 10 ਦਿਨਾਂ ਦੇ ਅੰਦਰ ਦਾਖਲਾ ਲੈ ਸਕਦੇ ਹਨ ।
4. ਸੰਸਥਾ ਮੁੱਖੀ ਲੇਟ ਦਾਖਲਾ ਲੈਣ ਵਾਲੇ ਵਿਦਿਆਰਥੀ ਦੀਆਂ ਦਾਖਲਾ ਲੈਣ ਦੀ ਮਿਤੀ ਤੋਂ 75% ਹਾਜ਼ਰੀਆਂ ਹੋਣੀਆਂ ਯਕੀਨੀ ਬਣਾਉਣਗੇ।
5. ਸਮੂਹ ਸਕੂਲ/ਸੰਸਥਾ ਮੁੱਖੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਦੂਜੇ ਰਾਜਾਂ ਤੋਂ ਅੱਠਵੀਂ, ਨੌਂਵੀਂ, ਦਸਵੀਂ ਅਤੇ ਗਿਆਰ੍ਹਵੀਂ ਸ਼੍ਰੇਣੀ ਪਾਸ ਕਰਕੇ ਆਏ ਵਿਦਿਆਰਥੀਆਂ ਨੂੰ ਦਾਖ਼ਲੇ ਲਈ ਸਮਾਨਤਾ ਪੱਤਰ ਲੈਣਾ ਲਾਜ਼ਮੀ ਨਹੀਂ ਹੈ। ਬੋਰਡ ਦੀ ਵੈਬ ਸਾਈਟ www.pseb.ac.in 'ਤੇ ਉਪਲਬੰਧ COBSE ਦੇ ਮੈਂਬਰ ਬੋਰਡਾਂ ਦੀ ਸੂਚੀ ਅਨੁਸਾਰ ਹੀ ਦੂਜੇ ਰਾਜਾਂ/ਬੋਰਡਾਂ ਤੋਂ ਪਾਸ ਹੋ ਕੇ ਆਏ ਵਿਦਿਆਰਥੀਆਂ ਨੂੰ ਦਾਖ਼ਲਾ ਦਿੱਤਾ ਜਾਵੇ।
6. ਸਮੂਹ ਸਕੂਲ/ਸੰਸਥਾ ਮੁੱਖੀ ਉਪਰੋਕਤ ਦਾਖਲਾ ਸ਼ਡਿਊਲ ਦੀ ਇੰਨ-ਬਿੰਨ ਪਾਲਣਾ ਕਰਨ ਦੀ ਖੇਚਲ ਕਰਨ।

27/3/18

ਡਾਇਰੈਕਟਰ (ਅਕਾਦਮਿਕ)

ਪੰਜਾਬ ਸਕੂਲ ਸਿੱਖਿਆ ਬੋਰਡ